**Vigilance Bureau Punjab**

# VIGILANCE NABS ETO, FIRE STATION OFFICER FOR TAKING BRIBES IN TWO DIFFERENT CASES

Chandigarh, May 14: State Vigilance Bureau today nabbed Excise & Taxation Officer (ETO) and Fire Station Officer red handed while accepting bribes in two different cases.

Disclosing this here an official spokesperson of the Vigilance Bureau said Amardeep Singh Nanda, ETO posted at ward-53, division-3 in Ludhiana district was nabbed red handed by Vigilance team for accepting bribe of Rs. 50,000 from complainant Umesh Kumar of Agar Nagar in Ludhiana district.

The Complainant has approached the VB that the above said ETO was demanding Rs. 5 lakh to exempt his firm for cancelling GST number.

After verifying his information, the Vigilance team laid a trap and the accused ETO was arrested on the spot while accepting bribe of Rs. 50,000/- as a first installment from the complainant in the presence of two official witnesses

He informed that a case under Prevention of Corruption Act has been registered against the accused at EOW Wing VB police station Ludhiana and further investigations was under progress.

In another bribery case the VB today nabbed Fire Station Officer Ajay Goyal posted at Fire Brigade office Kapurthala red handed on the complaint of Harman Walia. The complainant has approached the VB and alleged that the accused Fire Station Officer was demanding Rs 10,000 to get approval from higher authorities for issuing NOC to his petrol Pump.

After verifying his information, the vigilance team laid a trap and the accused Fire Station Officer was arrested on the spot while taking bribe of Rs. 10,000/- in the presence of two official witnesses.

He informed that a case under Prevention of Corruption Act has been registered against the accused at VB police station Jalandhar and further investigation was under progress.

--------------------------------

**ਵਿਜੀਲੈਂਸ ਬਿਓਰੋ ਪੰਜਾਬ**

# ਵਿਜੀਲੈਂਸ ਵਲੋਂ ਆਬਕਾਰੀ ਤੇ ਕਰ ਅਫਸਰ, ਫਾਈਰ ਸਟੇਸ਼ਨ ਅਫਸਰ ਰਿਸ਼ਵਤ ਦੇ ਦੋ ਵੱਖ-ਵੱਖ ਕੇਸਾਂ ਵਿਚ ਰੰਗੇ ਹੱਥੀਂ ਕਾਬੂ

ਚੰਡੀਗੜ੍ਹ,14 ਮਈ : ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਲੁਧਿਆਣਾ ਵਿਖੇ ਤਾਇਨਾਤ ਆਬਕਾਰੀ ਤੇ ਕਰ ਅਫਸਰ (ਈ.ਟੀ.ਓ) ਅਤੇ ਕਪੂਰਥਲਾ ਦੇ ਫਾਈਰ ਸਟੇਸ਼ਨ ਅਫਸਰ ਨੂੰ ਰਿਸ਼ਵਤ ਦੇ ਦੋ ਵੱਖ-ਵੱਖ ਕੇਸਾਂ ਵਿਚ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਵਿਜੀਲੈਂਸ ਬਿਓਰੋ ਦੀ ਲੁਧਿਆਣਾ ਸਥਿਤ ਆਰਥਿਕ ਅਪਰਾਧ ਸ਼ਾਖਾ ਵਲੋਂ ਈ.ਟੀ.ਓ ਅਜੇ ਗੋਇਲ ਨੂੰ ਸ਼ਿਕਾਇਤਕਰਤਾ ਉਮੇਸ਼ ਕੁਮਾਰ ਵਾਸੀ ਅਗਰ ਨਗਰ, ਜਿਲਾ ਲੁਧਿਆਣਾ ਦੀ ਸ਼ਿਕਾਇਤ ’ਤੇ 50,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਈ.ਟੀ.ਓ ਵਲੋਂ ਉਸ ਦੀ ਫਰਮ ਦਾ ਜੀ. ਐਸ.ਟੀ ਨੰਬਰ ਰੱਦ ਨਾ ਕਰਨ ਬਦਲੇ 5 ਲੱਖ ਰੁਪਏ ਦੀ ਮੰਗ ਕੀਤੀ ਗਈ ਹੈ।

ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਈ.ਟੀ.ਓ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਪਹਿਲੀ ਕਿਸ਼ਤ ਦੇ 50,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ। ਬੁਲਾਰੇ ਨੇ ਦੱਸਿਆ ਕਿ ਉਕਤ ਦੋਹਾਂ ਦੋਸ਼ੀਆਂ ਖਿਲਾਫ਼ ਵਿਜੀਲੈਂਸ ਬਿਓਰੋ ਨੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਲੁਧਿਆਣਾ ਸਥਿਤ ਵਿਜੀਲੈਂਸ ਬਿਓਰੋ ਦੀ ਆਰਥਿਕ ਅਪਰਾਧ ਸ਼ਾਖਾ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

ਇਕ ਹੋਰ ਰਿਸ਼ਵਤ ਦੇ ਕੇਸ ਵਿਚ ਵਿਜੀਲੈਂਸ ਬਿਊਰੋ ਨੇ ਫਾਈਰ ਬ੍ਰਿਗੇਡ ਦਫਤਰ ਕਪੂਰਥਲਾ ਵਿਖੇ ਤਾਇਨਾਤ ਫਾਈਰ ਸਟੇਸ਼ਨ ਅਫਸਰ ਅਜੇ ਗੋਇਲ ਨੂੰ 10,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਫਾਈਰ ਸਟੇਸ਼ਨ ਅਫਸਰ ਨੂੰ ਸ਼ਿਕਾਇਤਕਰਤਾ ਹਰਮਨ ਵਾਲੀਆ ਦੀ ਸ਼ਿਕਾਇਤ ’ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਸਦੇ ਪੈਟਰੋਲ ਪੰਪ ਲਈ ਐਨ.ਓ.ਸੀ ਜਾਰੀ ਕਰਨ ਬਦਲੇ ਫਾਈਰ ਸਟੇਸ਼ਨ ਅਫਸਰ ਵਲੋਂ 10,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਗਈ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਫਾਈਰ ਸਟੇਸ਼ਨ ਅਫਸਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਹੋਰ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਜਲੰਧਰ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

---------------